## Won Gold Medals in the Religious Examination

Four students of Sri Guru Tegh Bahadur Khalsa College won gold medals in the religious examination conducted by the Shiromani Gurdwara Parbandhak Committee (SGPC) in 2021. On this occasion the College Principal Dr. Jasvir Singh and Vice Principal Dr. Maninderjit Kaur congratulated the students and the entire team for the preparation of the exam.

ਪੰਜਾਬ ਟਾਈਮਜ਼
Leading Punjabi daily newspaper

# ਖਾਲਸਾ ਕਾਲਜ ਦੀਆਂ ਵਿਦਿਆਰਥਣਾਂ ਨੇ ਧਾਰਮਿਕ ਪ੍ਰੀਖਿਆ ਵਿੱਚ ਜਿੱਤੇ ਗੋਲਡ ਮੈਡਲ

ਪੰਜਾਬ ਟਾਈਮਜ਼ ਵਿਸ਼ੇਸ਼

- ਟੀਚਾ ਮਿੱਥ ਕੇ ਮਿਹਨਤ ਕਰਨ ਨਾਲ ਯਕੀਨਨ ਸਫਲਤਾ ਮਿਲਦੀ ਹੈ: ਪ੍ਰਿੰਸੀਪਲ ਡਾ.ਜਸਵੀਰ ਸਿੰਘ



ਸ਼੍ਰੀ ਅਨੰਦਪੁਰ ਸਾਹਿਬ, 11 ਮਾਰਚ(ਦਵਿੰਦਰਪਾਲ ਸਿੰਘ/ਅੰਕੁਸ਼): ਸਿੱਖਾਂ ਦੀ ਸਿਰਮੋਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਲਈ ਜਾਂਦੀ ਧਾਰਮਿਕ ਪ੍ਰੀਖਿਆ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੀਆਂ ਚਾਰ ਵਿਦਿਆਰਥਣਾਂ (ਸਿਮਰਨ ਕੌਰ, ਅਮਨਦੀਪ ਕੌਰ, ਗਗਨਦੀਪ ਕੌਰ ਅਤੇ ਹਰਕੀਨ ਕੌਰ) ਨੇ ਗੋਲਡ ਮੈਡਲ ਪ੍ਰਾਪਤ ਕੀਤੇ ਹਨ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜੇਤੂ ਵਿਦਿਆਰਥਣਾਂ ਅਤੇ ਪ੍ਰੀਖਿਆ ਦੀ ਤਿਆਰੀ ਕਰਵਾਉਣ ਵਾਲੀ ਸਮੁੱਚੀ ਟੀਮ (ਡਾ.ਪਰਮਜੀਤ ਕੌਰ ਧਰਮ ਅਧਿਐਨ ਵਿਭਾਗ, ਪ੍ਰੋ.ਮਨਪ੍ਰੀਤ ਕੌਰ ਕਾਮਰਸ ਵਿਭਾਗ, ਡਾ.ਗੁਰਪ੍ਰੀਤ ਕੌਰ ਪੰਜਾਬੀ ਵਿਭਾਗ, ਡਾ. ਮਨਪ੍ਰੀਤ ਕੌਰ ਪੰਜਾਬੀ ਵਿਭਾਗ) ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਜੋ ਵਿਦਿਆਰਥੀ ਟੀਚਾ ਮਿੱਥ ਕੇ ਮਿਹਨਤ ਕਰਦੇ ਹਨ ਉਹਨਾਂ ਨੂੰ ਯਕੀਨਨ ਹੀ ਸਫਲਤਾ ਪ੍ਰਾਪਤ ਹੁੰਦੀ ਹੈ ਇਸ ਲਈ ਉਨ੍ਹਾਂ ਵਿਦਿਆਰਥਣਾ ਨੂੰ ਨਿਰੰਤਰ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ। ਇਸ ਦੌਰਾਨ ਡਾ.ਪਰਮਜੀਤ ਕੌਰ (ਮੁਖੀ ਧਰਮ ਅਧਿਐਨ ਵਿਭਾਗ) ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਅਗਲੀ ਪ੍ਰੀਖਿਆ ਲਈ ਡਟ ਕੇ ਤਿਆਰੀ ਕਰਨ ਲਈ ਪ੍ਰੇਰਿਆ ਅਤੇ ਵਿਦਿਆਰਥੀਆਂ ਦੀ ਸਮੇਂ ਸਿਰ ਅਗਵਾਈ ਕਰਨ ਵਾਲੀ ਆਪਣੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਲਜ ਵਾਇਸ ਪ੍ਰਿੰਸੀਪਲ ਡਾ. ਮਨਿੰਦਰਜੀਤ ਕੌਰ ਕੰਗ, ਡਾ.ਗੁਰਪ੍ਰੀਤ ਕੌਰ (ਪੰਜਾਬੀ ਵਿਭਾਗ) ਅਤੇ ਡਾ. ਮਨਪ੍ਰੀਤ ਕੌਰ ਪੰਜਾਬੀ ਵਿਭਾਗ) ਨੇ ਵਿਦਿਆਰਥਣਾਂ ਦੀ ਹੌਸਲਾ ਅਫਜ਼ਾਈ ਕੀਤੀ।

Main Edition
Mar 12, 2022 Page No. 7
Powered by : eNewspaper